ਮਾਰੂ ਮਹਲਾ ੧ ॥ ਜੋਗੀ ਜੁਗਤਿ ਨਾਮੁ ਨਿਰਮਾਇਲੁ ਤਾ ਕੈ ਮੈਲੁ ਨ ਰਾਤੀ ॥ ਪ੍ਰੀਤਮ ਨਾਥੁ ਸਦਾ ਸਚੁ ਸੰਗੇ ਜਨਮ ਮਰਣ ਗਤਿ ਬੀਤੀ ॥ ੧॥ ਗੁਸਾਈ ਤੇਰਾ ਕਹਾ ਨਾਮੁ ਕੈਸੇ ਜਾਤੀ ॥ ਜਾ ਤਉ ਭੀਤਰਿ ਮਹਲਿ ਬੁਲਾਵਹਿ ਪੂਛਉ ਬਾਤ ਨਿਰੰਤੀ ॥ ੧॥ ਰਹਾਉ ॥ ਬ੍ਰਹਮਣੁ ਬ੍ਰਹਮ ਗਿਆਨ ਇਸਨਾਨੀ ਹਰਿ ਗੁਣ ਪੂਜੇ ਪਾਤੀ ॥ ਏਕੋ ਨਾਮੁ ਏਕੁ ਨਾਰਾਇਣੁ ਤ੍ਰਿਭਵਣ ਏਕਾ ਜੋਤੀ ॥੨॥ ਜਿਹਵਾ ਡੰਡੀ ਇਹੁ ਘਟੁ ਛਾਬਾ ਤੋਲਉ ਨਾਮੁ ਅਜਾਚੀ ॥ ਏਕੋ ਹਾਟੁ ਸਾਹੁ ਸਭਨਾ ਸਿਰਿ ਵਣਜਾਰੇ ਇਕ ਭਾਤੀ ॥੩॥ ਦੋਵੈ ਸਿਰੇ ਸਤਿਗੁਰੂ ਨਿਬੇੜੇ ਸੋ ਬੂਝੈ ਜਿਸੁ ਏਕ ਲਿਵ ਲਾਗੀ ਜੀਅਹੁ ਰਹੈ ਨਿਭਰਾਤੀ ॥ ਸਬਦੁ ਵਸਾਏ ਭਰਮੁ ਚੁਕਾਏ ਸਦਾ ਸੇਵਕੁ ਦਿਨੁ ਰਾਤੀ ॥੪॥ ਊਪਰਿ ਗਗਨੁ ਗਗਨ ਪਰਿ ਗੋਰਖੁ ਤਾ ਕਾ ਅਗਮੁ ਗੁਰੂ ਪੁਨਿ ਵਾਸੀ ॥ ਗੁਰ ਬਚਨੀ ਬਾਹਰਿ ਘਰਿ ਏਕੋ ਨਾਨਕੁ ਭਇਆ ਉਦਾਸੀ ॥੫॥੧੧॥ {ਪੰਨਾ 992}

ਪਦਅਰਥ:- ਜੁਗਤਿ—ਤਰੀਕਾ, ਰਹਿਤ-ਬਹਿਤ। ਨਿਰਮਾਇਲੁ—ਨਿਰਮਲ, ਪਵਿਤ੍ਰ। ਤਾ ਕੈ—ਉਸ (ਜੋਗੀ ਦੇ ਮਨ) ਵਿਚ। ਰਾਤੀ—ਰਤਾ ਭਰ ਵੀ। ਨਾਥ—ਖਸਮ-ਪ੍ਰਭੂ। ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ! ਸਦਾ ਸੰਗੇ—(ਜਿਸ ਦੇ) ਸਦਾ ਨਾਲ ਹੈ। ਗਤਿ—ਆਤਮਕ ਅਵਸਥਾ। ਬੀਤੀ—ਬੀਤ ਜਾਂਦੀ ਹੈ, ਮੁੱਕ ਜਾਂਦੀ ਹੈ।1।

ਗੁਸਾਈ—ਹੇ ਗੋ-ਸਾਈਂ! ਹੇ ਧਰਤੀ ਦੇ ਖਸਮ-ਪ੍ਰਭੂ! ਕਹਾ—ਕਿਥੇ? ਕੈਸੇ—ਕਿਵੇਂ? ਕਹਾ ਨਾਮੁ—ਕਿਥੇ ਤੇਰਾ ਕੋਈ ਖ਼ਾਸ ਨਾਮ ਹੈ? ਤੇਰਾ ਕੋਈ ਖ਼ਾਸ ਨਾਮ ਨਹੀਂ ਹੈ। ਕੈਸੇ ਜਾਤੀ—ਕਿਵੇਂ ਤੇਰੀ ਕੋਈ ਖ਼ਾਸ ਜਾਤਿ ਹੈ? ਤੇਰੀ ਕੋਈ ਖ਼ਾਸ ਜਾਤਿ ਨਹੀਂ ਹੈ? ਤਉ—ਤੂੰ। ਭੀਤਰਿ—ਧੁਰ ਅੰਦਰ। ਮਹਲਿ—ਮਹਿਲ ਵਿਚ, ਆਪਣੇ ਚਰਨਾਂ ਵਿਚ। ਜਾ—ਜਦੋਂ। ਪੂਛਉ—ਮੈਂ ਪੁੱਛਦਾ ਹਾਂ। ਨਿਰੰਤੀ ਬਾਤ—ਭੇਦ ਦੀ ਗੱਲ।1। ਰਹਾਉ।

ਗਿਆਨ ਇਸਨਾਨੀ—ਗਿਆਨ ਦਾ ਇਸਨਾਨੀ, ਪਰਮਾਤਮਾ ਦੇ ਗਿਆਨ (ਦੇ ਜਲ) ਦਾ ਇਸ਼ਨਾਨੀ, ਪ੍ਰਭੂ ਦੇ ਗਿਆਨ-ਜਲ ਵਿਚ ਆਪਣੇ ਮਨ ਨੂੰ ਪਵਿਤ੍ਰ ਕਰਨ ਵਾਲਾ। ਹਰਿ ਪੂਜੇ—ਪਰਮਾਤਮਾ ਨੂੰ ਪੂਜਦਾ ਹੈ। ਪਾਤੀ—ਪੱਤਰਾਂ ਨਾਲ। ਏਕਾ ਜੋਤੀ—ਪ੍ਰਭੂ ਦੀ ਇਕ ਜੋਤਿ ਦਾ ਪਸਾਰਾ।2।

ਜਿਹਵਾ—ਜੀਭ। ਡੰਡੀ—ਤੱਕੜੀ ਦੀ ਡੰਡੀ ਜਿਸ ਦੇ ਦੋਹਾਂ ਸਿਰਿਆਂ ਤੋਂ ਡੋਰੀ ਨਾਲ ਛਾਬੇ ਲਟਕਦੇ ਹਨ। ਘਟੁ—ਹਿਰਦਾ। ਤੋਲਉ—ਮੈਂ ਤੋਲਦਾ ਹਾਂ। ਅਜਾਚੀ—ਜੋ ਜਾਚਿਆ ਨ ਜਾ ਸਕੇ। ਅਜਾਚੀ ਨਾਮੁ—ਅਤੁੱਲ ਪ੍ਰਭੂ ਦਾ ਨਾਮ। ਹਾਟੁ—ਹੱਟ, ਜਗਤ। ਸਿਰਿ—ਸਿਰ ਉਤੇ। ਵਣਜਾਰੇ—ਵਪਾਰੀ, ਵਣਜ ਕਰਨ ਵਾਲੇ, ਜੀਵ-ਵਪਾਰੀ। ਇਕ ਭਾਤੀ—ਇਕੋ ਕਿਸਮ ਦੇ। ਇਕ ਭਾਤੀ ਵਣਜਾਰੇ—ਪ੍ਰਭੂ ਦੇ ਨਾਮ ਦੇ ਹੀ ਵਪਾਰੀ।3।

ਦੋਵੈ ਸਿਰੇ—ਜਨਮ ਮਰਨ। ਨਿਬੇੜੇ—ਮੁਕਾ ਦਿੱਤੇ। ਜੀਅਹੁ—ਅੰਦਰੋਂ, ਮਨੋਂ। ਨਿਭਰਾਤੀ—ਭ੍ਰਾਂਤੀ-ਰਹਿਤ, ਭਟਕਣਾ-ਰਹਿਤ, ਅਡੋਲ। ਚੁਕਾਏ—ਦੂਰ ਕਰ ਦੇਂਦਾ ਹੈ।4।

ਗਗਨੁ—ਆਕਾਸ਼, ਚਿਦਾਕਾਸ਼, ਚਿੱਤ-ਆਕਾਸ਼, ਦਿਮਾਗ਼। ਗੋਰਖੁ—ਧਰਤੀ ਦਾ ਮਾਲਕ ਪ੍ਰਭੂ। ਤਾ ਕਾ—ਉਸ (ਪ੍ਰਭੂ) ਦਾ। ਅਗਮੁ—ਅਪਹੁੰਚ (ਟਿਕਾਣਾ)। ਗੁਰੂ—ਗੁਰੂ (ਦੀ ਰਾਹੀਂ)। ਵਾਸੀ—ਵਸਨੀਕ। ਪੁਨਿ—ਮੁੜ। ਘਰਿ—ਹਿਰਦੇ ਵਿਚ। ਬਾਹਰਿ—ਜਗਤ ਵਿਚ। ਉਦਾਸੀ—ਉਪਰਾਮ, ਨਿਰਲੇਪ।5।

ਅਰਥ:- ਹੇ ਧਰਤੀ ਦੇ ਖਸਮ-ਪ੍ਰਭੂ! ਜਦੋਂ ਤੂੰ ਮੈਨੂੰ ਅੰਤਰ ਆਤਮੇ ਚਰਨਾਂ ਵਿਚ ਸੱਦਦਾ ਹੈਂ (ਜੋੜਦਾ ਹੈਂ) ਤਦੋਂ ਮੈਂ (ਤੈਥੋਂ) ਇਹ ਭੇਦ ਦੀ ਗੱਲ ਪੁੱਛਦਾ ਹਾਂ ਕਿ ਤੇਰਾ ਕਿਥੇ ਕੋਈ ਖ਼ਾਸ ਨਾਮ ਹੈ ਤੇ ਕਿਵੇਂ ਤੇਰੀ ਕੋਈ ਖ਼ਾਸ ਜਾਤਿ ਹੈ (ਭਾਵ, ਜਦੋਂ ਤੂੰ ਆਪਣੀ ਮੇਹਰ ਨਾਲ ਮੈਨੂੰ ਆਪਣੇ ਚਰਨਾਂ ਵਿਚ ਜੋੜਦਾ ਹੈਂ ਤਦੋਂ ਮੈਨੂੰ ਸਮਝ ਆਉਂਦੀ ਹੈ ਕਿ ਨਾਹ ਕੋਈ ਤੇਰਾ ਖ਼ਾਸ ਨਾਮ ਹੈ ਅਤੇ ਨਾਹ ਹੀ ਤੇਰੀ ਕੋਈ ਖ਼ਾਸ ਜਾਤਿ ਹੈ)।1। ਰਹਾਉ।

ਜਿਸ ਜੋਗੀ ਦੀ ਜੀਵਨ-ਜੁਗਤਿ ਪਰਮਾਤਮਾ ਦਾ ਪਵਿਤ੍ਰ ਨਾਮ (ਸਿਮਰਨਾ) ਹੈ, ਉਸ ਦੇ ਮਨ ਵਿਚ (ਵਿਕਾਰਾਂ

ਵਾਲੀ) ਰਤਾ ਭੀ ਮੈਲ ਨਹੀਂ ਰਹਿ ਜਾਂਦੀ। ਸਭਨਾਂ ਦਾ ਪਿਆਰਾ, ਸਭਨਾਂ ਦਾ ਖਸਮ ਤੇ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਸਦਾ ਉਸ (ਜੋਗੀ) ਦੇ ਹਿਰਦੇ ਵਿਚ ਵੱਸਦਾ ਹੈ (ਇਸ ਵਾਸਤੇ) ਜਨਮ ਮਰਨ ਦਾ ਗੇੜ ਪੈਦਾ ਕਰਨ ਵਾਲੀ ਉਸ ਦੀ ਆਤਮਕ ਅਵਸਥਾ ਮੁੱਕ ਜਾਂਦੀ ਹੈ।1।

ਉਹ ਬ੍ਰਾਹਮਣ ਬ੍ਰਹਮ (ਪਰਮਾਤਮਾ ਦਾ ਰੂਪ ਹੋ ਜਾਂਦਾ) ਹੈ ਜੋ ਪਰਮਾਤਮਾ ਦੇ ਗਿਆਨ-ਜਲ ਵਿਚ ਆਪਣੇ ਮਨ ਨੂੰ ਇਸ਼ਨਾਨ ਕਰਾਂਦਾ ਹੈ ਜੋ ਸਦਾ ਪ੍ਰਭੂ ਦੇ ਗੁਣ ਗਾਂਦਾ ਹੈ (ਮਾਨੋ, ਫੁੱਲਾਂ) ਪੱਤ੍ਰਾਂ ਨਾਲ ਪ੍ਰਭੂ ਨੂੰ ਪੂਜਦਾ ਹੈ, ਜੋ ਸਿਰਫ਼ ਪਰਮਾਤਮਾ ਨੂੰ ਜੋ ਸਿਰਫ਼ ਪਰਮਾਤਮਾ ਦੇ ਨਾਮ ਨੂੰ (ਹਿਰਦੇ ਵਿਚ ਸਦਾ ਵਸਾਈ ਰੱਖਦਾ ਹੈ, ਜਿਸ ਨੂੰ) ਇਹ ਸਾਰਾ ਸੰਸਾਰ ਪ੍ਰਭੂ ਦੀ ਜੋਤਿ ਦਾ ਪਸਾਰਾ ਦਿੱਸਦਾ ਹੈ।2।

(ਜਿਉਂ ਜਿਉਂ) ਮੈਂ ਆਪਣੀ ਜੀਭ ਨੂੰ ਤੱਕੜੀ ਦੀ ਡੰਡੀ ਬਣਾਂਦਾ ਹਾਂ, ਆਪਣੇ ਇਸ ਹਿਰਦੇ ਨੂੰ ਤੱਕੜੀ ਦਾ ਇਕ ਛਾਬਾ ਬਣਾਂਦਾ ਹਾਂ, (ਇਸ ਛਾਬੇ ਵਿਚ) ਅਤੁੱਲ ਪ੍ਰਭੂ ਦਾ ਨਾਮ ਤੋਲਦਾ ਹਾਂ (ਤੇ ਦੂਜੇ ਛਾਬੇ ਵਿਚ ਆਪਣੇ ਅੰਦਰੋਂ ਆਪਾ-ਭਾਵ ਕੱਢ ਕੇ ਰੱਖੀ ਜਾਂਦਾ ਹਾਂ, ਤਿਉਂ ਤਿਉਂ ਇਹ ਜਗਤ ਮੈਨੂੰ) ਇਕ ਹੱਟ ਦਿੱਸਦਾ ਹੈ ਜਿਥੇ ਸਾਰੇ ਹੀ ਜੀਵ ਇਕੋ ਕਿਸਮ ਦੇ (ਭਾਵ, ਪ੍ਰਭੂ-ਨਾਮ ਦੇ) ਵਣਜਾਰੇ ਦਿੱਸਦੇ ਹਨ ਤੇ ਸਭਨਾਂ ਦੇ ਸਿਰ ਉਤੇ (ਭਾਵ, ਸਭਨਾਂ ਨੂੰ ਜਿੰਦ-ਪਿੰਡ ਦੀ ਰਾਸਿ ਦੇਣ ਵਾਲਾ) ਸ਼ਾਹ ਪਰਮਾਤਮਾ ਆਪ ਹੈ।3।

ਜੋ ਮਨੁੱਖ ਗੁਰੂ ਦਾ ਸ਼ਬਦ ਆਪਣੇ ਹਿਰਦੇ ਵਿਚ ਵਸਾਂਦਾ ਹੈ (ਇਸ ਤਰ੍ਹਾਂ ਆਪਣੇ ਮਨ ਦੀ) ਭਟਕਣਾ ਮੁਕਾਂਦਾ ਹੈ ਤੇ ਦਿਨ ਰਾਤ ਸਦਾ ਦਾ ਸੇਵਕ ਬਣਿਆ ਰਹਿੰਦਾ ਹੈ, (ਗੁਰ-ਸ਼ਬਦ ਦੀ ਬਰਕਤਿ ਨਾਲ) ਜਿਸ ਮਨੁੱਖ ਦੀ ਸੁਰਤਿ ਇਕ ਪਰਮਾਤਮਾ ਵਿਚ ਟਿਕੀ ਰਹਿੰਦੀ ਹੈ ਜੋ ਅੰਤਰ ਆਤਮੇ ਭਟਕਣਾ-ਰਹਿਤ ਹੋ ਜਾਂਦਾ ਹੈ ਉਸ ਨੂੰ ਸਹੀ ਜੀਵਨ-ਜੁਗਤਿ ਦੀ ਸਮਝ ਆ ਜਾਂਦੀ ਹੈ, ਸਤਿਗੁਰੂ ਉਸ ਦਾ ਜਨਮ ਮਰਨ ਦਾ ਗੇੜ ਮੁਕਾ ਦੇਂਦਾ ਹੈ।4।

(ਦੁਨੀਆ ਦੇ ਮਾਇਕ ਫੁਰਨਿਆਂ ਦੀ ਪਹੁੰਚ ਤੋਂ ਦੂਰ) ਉੱਚਾ ਉਹ ਚਿੱਤ-ਆਕਾਸ਼ ਹੈ (ਉਹ ਆਤਮਕ ਅਵਸਥਾ ਹੈ) ਜਿਥੇ ਸ੍ਰਿਸ਼ਟੀ ਦਾ ਪਾਲਕ ਪਰਮਾਤਮਾ ਵਸ ਸਕਦਾ ਹੈ; ਉਸ ਪ੍ਰਭੂ (ਦੇ ਮਿਲਾਪ) ਦਾ ਉਹ ਟਿਕਾਣਾ ਅਪਹੁੰਚ ਹੈ (ਕਿਉਂਕਿ

ਜੀਵ ਮੁੜ ਮੁੜ ਮਾਇਆ ਵਲ ਪਰਤਦਾ ਰਹਿੰਦਾ ਹੈ)। ਫਿਰ ਭੀ ਗੁਰੂ ਦੀ ਰਾਹੀਂ ਉਸ ਟਿਕਾਣੇ ਦਾ ਵਸਨੀਕ ਬਣ ਜਾਈਦਾ ਹੈ।

ਨਾਨਕ ਗੁਰੂ ਦੇ ਦੱਸੇ ਰਸਤੇ ਤੇ ਤੁਰ ਕੇ ਜਗਤ ਦੇ ਮੋਹ ਤੋਂ ਉਪਰਾਮ ਹੋ ਗਿਆ ਹੈ, (ਇਸ ਤਰ੍ਹਾਂ) ਆਪਣੇ ਅੰਦਰ ਤੇ ਸਾਰੇ ਜਗਤ ਵਿਚ ਇਕ ਪ੍ਰਭੂ ਨੂੰ ਹੀ ਵੇਖਦਾ ਹੈ।5।11।